ਲੁਧਿਆਣਾ ਅਜੀਤ
ਅਜੀਤ, ਜਲੰਧਰ
ਬੁੱਧਵਾਰ, 4 ਨਵੰਬਰ, 2026

ਤਿਉਹਾਰਾਂ ਦੇ ਸੀਜ਼ਨ 'ਚ ਰੇਲ ਯਾਤਰੀਆਂ ਨੂੰ ਵੱਡੀ ਰਾਹਤ

ਲੁਧਿਆਣਾ ਅਤੇ ਪੂਰਨੀਆ ਵਿਚਕਾਰ ਚੱਲੇਗੀ ਤਿਉਹਾਰ ਸਪੈਸ਼ਲ ਟਰੇਨ

ਫਿਰੋਜ਼ਪੁਰ, 3 ਨਵੰਬਰ (ਰਾਕੇਸ਼ ਚਾਵਲਾ)- ਆਉਣ ਵਾਲੇ ਤਿਉਹਾਰਾਂ ਦੇ ਮੱਦੇਨਜ਼ਰ ਰੇਲ ਯਾਤਰੀਆਂ ਦੀ ਆਵਾਜਾਈ ਨੂੰ ਸੁਖਾਲਾ ਅਤੇ ਸੁਵਿਧਾਜਨਕ ਬਣਾਉਣ ਲਈ ਰੇਲਵੇ ਵਿਭਾਗ ਵਲੋਂ ਇਕ ਅਹਿਮ ਫ਼ੈਸਲਾ ਲਿਆ ਗਿਆ ਹੈ। ਉੱਤਰ ਰੇਲਵੇ ਫਿਰੋਜ਼ਪੁਰ ਮੰਡਲ ਦੇ ਸੀਨੀਅਰ ਮੰਡਲ ਕਮਰਸ਼ੀਅਲ ਮੈਨੇਜਰ ਬਸੰਤ ਕੁਮਾਰ ਵਲੋਂ ਦਿੱਤੀ ਜਾਣਕਾਰੀ ਅਨੁਸਾਰ, ਰੇਲਵੇ ਵਲੋਂ ਲੁਧਿਆਣਾ-ਪੂਰਨੀਆ-ਲੁਧਿਆਣਾ ਵਿਚਕਾਰ ਰਖਵੀਂ ਤਿਉਹਾਰ ਸਪੈਸ਼ਲ ਐਕਸਪ੍ਰੈੱਸ ਟਰੇਨ (ਗੱਡੀ ਨੰਬਰ 04660/04659) ਚਲਾਉਣ ਦਾ ਫ਼ੈਸਲਾ ਕੀਤਾ ਗਿਆ ਹੈ।

ਉੱਤਰ ਰੇਲਵੇ ਫਿਰੋਜ਼ਪੁਰ ਮੰਡਲ ਵਲੋਂ ਲੁਧਿਆਣਾ-ਪੂਰਨੀਆ ਰੇਲਵੇ ਰੂਟ 'ਤੇ 2-2 ਗੇੜਿਆਂ ਲਈ ਸਪੈਸ਼ਲ ਟਰੇਨ ਦਾ ਐਲਾਨ

ਲੁਧਿਆਣਾ ਤੋਂ ਪੂਰਨੀਆ ਗੱਡੀ ਨੰਬਰ 04660 ਇਹ ਟਰੇਨ ਲੁਧਿਆਣਾ ਰੇਲਵੇ ਸਟੇਸ਼ਨ ਤੋਂ ਮਿਤੀ 05.11.2026 ਅਤੇ 09.11.2026 ਨੂੰ ਕੁੱਲ 2 ਗੇੜੇ ਚਲਾਈ ਜਾਵੇਗੀ। ਇਹ ਗੱਡੀ ਦੁਪਹਿਰ 12 ਵਜੇ ਲੁਧਿਆਣਾ ਤੋਂ ਰਵਾਨਾ ਹੋ ਕੇ 33 ਘੰਟੇ 30 ਮਿੰਟ ਦਾ ਸਫ਼ਰ ਤੈਅ ਕਰਦਿਆਂ ਅਗਲੇ ਦਿਨ ਰਾਤ 21.30 ਵਜੇ ਪੂਰਨੀਆ ਪਹੁੰਚੇਗੀ। ਪੂਰਨੀਆ ਤੋਂ ਲੁਧਿਆਣਾ ਗੱਡੀ ਨੰਬਰ 04659 ਵਾਪਸੀ 'ਚ ਇਹ ਟਰੇਨ ਪੂਰਨੀਆ ਤੋਂ ਮਿਤੀ 06.11.2026 ਅਤੇ 10.11.2026 ਨੂੰ ਕੁੱਲ 2 ਗੇੜੇ ਚੱਲੇਗੀ। ਇਹ ਗੱਡੀ ਰਾਤ 23.30 ਵਜੇ ਪੂਰਨੀਆ ਤੋਂ ਰਵਾਨਾ ਹੋ ਕੇ 31 ਘੰਟੇ 20 ਮਿੰਟਾਂ ਬਾਅਦ ਸਵੇਰੇ 6.50 ਵਜੇ ਲੁਧਿਆਣਾ ਪਹੁੰਚੇਗੀ। ਯਾਤਰੀਆਂ ਦੀ ਸਹੂਲਤ ਲਈ ਇਹ ਤਿਉਹਾਰ ਸਪੈਸ਼ਲ ਟਰੇਨ ਦੋਵਾਂ ਦਿਸ਼ਾਵਾਂ ਵਿਚ ਯਾਤਰਾ ਦੌਰਾਨ ਢੰਡਾਰੀ ਕਲਾਂ, ਅੰਬਾਲਾ ਕੈਂਟ, ਯਮੁਨਾਨਗਰ ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਸੀਤਾਪੁਰ, ਬੁਢਵਲ, ਗੋਂਡਾ, ਬਸਤੀ, ਗੋਰਖਪੁਰ, ਦੇਵਰੀਆ ਸਦਰ, ਭਟਨੀ, ਸੀਵਾਨ, ਛਪਰਾ, ਸੋਨਪੁਰ, ਹਾਜੀਪੁਰ, ਸ਼ਾਹਪੁਰ ਪਟੋਰੀ, ਬਛਵਾੜਾ, ਬਰੌਨੀ, ਬੇਗੂਸਰਾਏ, ਖਗੜੀਆ, ਮਾਨਸੀ, ਸਹਰਸਾ ਅਤੇ ਬਨਮਨਖੀ ਰੇਲਵੇ ਸਟੇਸ਼ਨਾਂ 'ਤੇ ਰੁਕੇਗੀ। ਰੇਲਵੇ ਪ੍ਰਸ਼ਾਸਨ ਨੇ ਆਮ ਜਨਤਾ ਅਤੇ ਰੇਲ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਤਿਉਹਾਰਾਂ ਦੇ ਦਿਨਾਂ 'ਚ ਭੀੜ-ਭੜੱਕੇ ਤੋਂ ਬਚਣ ਲਈ ਇਸ ਸਪੈਸ਼ਲ ਟਰੇਨ ਦੀ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਪਣੀ ਯਾਤਰਾ ਨੂੰ ਆਸਾਨ ਅਤੇ ਸੁਖਾਲਾ ਬਣਾਉਣ।

ਪੀ. ਏ. ਯੂ. ਯੁਵਕ ਮੇਲੇ 'ਚ ਦੂਜੇ ਗੇੜ ਦੇ ਮੁਕਾਬਲੇ ਅੱਜ ਤੋਂ ਸ਼ੁਰੂ

ਮੁੱਖ ਮਹਿਮਾਨ ਵਜੋਂ ਪੰਜਾਬ ਦੇ ਵਿੱਤ, ਕਰ ਤੇ ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਹੋਣਗੇ ਸ਼ਾਮਿਲ

ਲੁਧਿਆਣਾ, 3 ਨਵੰਬਰ (ਜਸਵਿੰਦਰ ਸਿੰਘ)- ਪੀ. ਏ. ਯੂ. ਵਿਚ ਜਾਰੀ ਯੁਵਕ ਮੇਲੇ ਦੇ ਪਹਿਲੇ ਦਿਨ ਦੇ ਮੁਕਾਬਲੇ ਵਿਦਿਆਰਥੀ ਭਵਨ ਵਿਖੇ ਡਾ. ਸੁਰਜੀਤ ਪਾਤਰ ਸੱਥ ਵਿਚ ਬੀਤੇ ਕੱਲ੍ਹ ਸਮਾਪਤ ਹੋ ਗਏ ਸਨ। ਦੂਜੇ ਗੇੜ ਦੇ ਮੁਕਾਬਲੇ ਡਾ. ਅਮਰਜੀਤ ਸਿੰਘ ਖਹਿਰਾ ਓਪਨ ਏਅਰ ਥੀਏਟਰ ਵਿਖੇ ਅੱਜ ਤੋਂ ਸ਼ੁਰੂ ਹੋਣਗੇ। ਉਦਘਾਟਨੀ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਪੰਜਾਬ ਦੇ ਵਿੱਤ, ਕਰ ਅਤੇ ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਸ਼ਾਮਿਲ ਹੋ ਰਹੇ ਹਨ। ਸਮਾਰੋਹ ਦੀ ਪ੍ਰਧਾਨਗੀ ਪੀ. ਏ. ਯੂ. ਦੇ ਵਾਈਸ ਚਾਂਸਲਰ ਡਾ. ਹਰਵਿੰਦਰ ਸਿੰਘ ਧਾਲੀਵਾਲ ਵਲੋਂ ਕੀਤੀ ਜਾਵੇਗੀ। ਇਸ ਸੰਬੰਧੀ ਅੱਜ ਇਕ ਵਿਸ਼ੇਸ਼ ਪ੍ਰੈਸ ਵਾਰਤਾ ਵਿਚ ਪੀ. ਏ. ਯੂ. ਦੇ ਨਿਰਦੇਸ਼ਕ ਵਿਦਿਆਰਥੀ ਭਲਾਈ ਕਮਲਜੀਤ ਸਿੰਘ ਸੂਰੀ ਨੇ ਦੱਸਿਆ ਕਿ ਯੂਨੀਵਰਸਿਟੀ ਵਿਚ ਜਾਰੀ ਯੁਵਕ ਮੇਲੇ ਦੇ ਪਹਿਲੇ ਦਿਨ ਦੇ ਮੁਕਾਬਲਿਆਂ ਦੇ ਗੇੜ ਦੀ ਸਫਲਤਾ ਪੂਰਵਕ ਸਮਾਪਤੀ ਤੋਂ ਬਾਅਦ ਅਗਲਾ ਗੇੜ ਸ਼ੁਰੂ ਹੋਵੇਗਾ। ਇਸ ਦੌਰਾਨ ਲੋਕ ਨਾਚ, ਗਾਇਕੀ, ਸੰਗੀਤ, ਨਾਟ ਅਤੇ ਹੋਰ ਸੱਭਿਆਚਾਰਕ ਵੰਨਗੀਆਂ ਦੇ ਮੁਕਾਬਲੇ ਡਾ. ਅਮਰਜੀਤ ਸਿੰਘ ਖਹਿਰਾ ਓਪਨ ਏਅਰ ਥੀਏਟਰ ਵਿਚ ਹੋਣਗੇ। ਅੱਜ ਵੱਖ-ਵੱਖ ਕਾਲਜਾਂ ਦੀਆਂ ਟੀਮਾਂ ਵੱਲੋਂ ਸੱਭਿਆਚਾਰਕ ਝਲਕੀਆਂ ਨਾਲ ਇਸ ਯੁਵਕ ਮੇਲੇ ਦਾ ਆਰੰਭ ਹੋਵੇਗਾ। ਇਸ ਤੋਂ ਬਾਅਦ ਸੋਲੋ ਨਾਚ, ਪੱਛਮੀ ਸਮੂਹ ਗਾਨ, ਲਾਈਵ ਵੋਕਲ ਸੋਲੋ, ਦੋਗਾਣਾ ਗੀਤ, ਭਾਰਤੀ ਸਮੂਹ ਗਾਨ ਅਤੇ ਨਾਚ ਕਲਾ ਦੇ ਮੁਕਾਬਲੇ ਹੋਣਗੇ। 5 ਨਵੰਬਰ ਨੂੰ ਕੁਇਜ਼, ਸਮੂਹ ਲੋਕ ਨਾਚ, ਮਾਈਮ, ਭੰਡ, ਮੋਨੋ ਐਕਟਿੰਗ ਅਤੇ ਇਕਾਂਗੀ ਦੀ ਪੇਸ਼ਕਾਰੀ ਹੋਵੇਗੀ। 6 ਨਵੰਬਰ ਨੂੰ ਯੁਵਕ ਮੇਲੇ ਦੇ ਆਖਰੀ ਦਿਨ ਵਿਰਾਸਤੀ ਕੁਇਜ਼, ਮਮਿਕਰੀ, ਸਕਿੱਟ, ਲੋਮੀ ਹੋਕ ਵਾਲੇ ਗੀਤ, ਲੋਕ ਗੀਤ, ਗਿੱਧਾ, ਭੰਗੜਾ ਆਦਿ ਦੀ ਪੇਸ਼ਕਾਰੀ ਹੋਵੇਗੀ। ਸ਼ਾਮ ਨੂੰ ਇਨਾਮ ਵੰਡ ਸਮਾਰੋਹ ਕਰਵਾਇਆ ਜਾਵੇਗਾ।ਸਹਿਯੋਗੀ ਨਿਰਦੇਸ਼ਕ ਸੱਭਿਆਚਾਰਕ ਡਾ. ਰੁਪਿੰਦਰ ਕੌਰ ਨੇ ਦੱਸਿਆ ਕਿ ਯੁਵਕ ਮੇਲੇ ਦੇ ਦੂਸਰੇ ਗੇੜ ਨੂੰ ਸੁਚਾਰੂ ਢੰਗ ਨਾਲ ਕਰਾਉਣ ਲਈ ਸਮੂਹ ਤਿਆਰੀਆਂ ਮੁਕੰਮਲ ਹਨ ਅਤੇ ਵਿਦਿਆਰਥੀਆਂ ਦਾ ਉਤਸ਼ਾਹ ਦੇਖਦਿਆਂ ਹੀ ਬਣਦਾ ਹੈ।



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ-1 ਦੁੱਗਰੀ ਵਿਖੇ ਭਾਈ ਗਗਨਦੀਪ ਸਿੰਘ ਦਾ ਕੀਰਤਨੀ ਜਥਾ ਕੀਰਤਨ ਦੀ ਸੇਵਾ ਕਰਦੇ ਹੋਏ। (ਸੱਜੇ) ਸਮਾਗਮ ਦੌਰਾਨ ਕਥਾ ਵਾਚਕ ਗਿਆਨੀ ਮਹਿੰਦਰ ਸਿੰਘ ਸੰਗਤਾਂ ਨੂੰ ਇਤਿਹਾਸ ਦੀ ਜਾਣਕਾਰੀ ਦਿੰਦੇ ਹੋਏ। ਤਸਵੀਰਾਂ-ਸੇਵਕ ਸਿੰਘ



ਗੁਰੂ ਹਰਿਰਾਇ ਸਾਹਿਬ ਜੀ ਦਾ ਜੋਤੀ-ਜੋਤਿ ਦਿਵਸ ਤੇ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਮਨਾਇਆ

ਲੁਧਿਆਣਾ, 3 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)- ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ, ਫੇਜ-1, ਦੁੱਗਰੀ ਵਿਖੇ ਪ੍ਰਬੰਧਕ ਕਮੇਟੀ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਜੋਤੀ-ਜੋਤਿ ਦਿਵਸ ਤੇ ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਅੰਮ੍ਰਿਤ ਵੇਲੇ ਤੋਂ ਹੋਈ, ਜਿਸ ਦੌਰਾਨ ਨਿਤਨੇਮ ਉਪਰੰਤ ਸੰਗਤੀ ਰੂਪ ਵਿਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ। ਉਪਰੰਤ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗਗਨਪ੍ਰੀਤ ਸਿੰਘ ਦੇ ਜੱਥੇ ਨੇ ਇਲਾਹੀ ਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰੂ ਘਰ ਦੇ ਮੀਤ ਗ੍ਰੰਥੀ ਗਿਆਨੀ ਮਹਿੰਦਰ ਸਿੰਘ ਨੇ ਕਥਾ ਵਿਚਾਰਾਂ ਕਰਦਿਆਂ ਗੁਰੂ ਹਰਿਰਾਇ ਸਾਹਿਬ ਜੀ ਦੇ ਜੀਵਨ, ਉਨ੍ਹਾਂ ਦੀ ਨਿਮਰਤਾ ਤੇ ਦਇਆ ਭਾਵਨਾ ਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਦੇ ਮਹਾਨ ਇਤਿਹਾਸ 'ਤੇ ਚਾਨਣਾ ਪਾਇਆ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਸਮਾਗਮ ਵਿਚ ਪਹੁੰਚੀਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਸਮਾਪਤੀ ਮੌਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਉਪਰੰਤ ਸੰਗਤਾਂ ਲਈ ਚਾਹ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਚੇਅਰਮੈਨ ਬਲਜੀਤ ਸਿੰਘ ਸੋਹੀ, ਗੁਰਦੀਪ ਸਿੰਘ ਕਾਲੜਾ, ਸ਼ਸ਼ਪਾਲ ਸਿੰਘ, ਬਲਵੀਰ ਸਿੰਘ, ਕਰਤਾਰ ਸਿੰਘ ਬਰਾੜ, ਚਰਨਜੀਤ ਸਿੰਘ ਪਾਇਲ, ਹਰਪਾਲ ਸਿੰਘ, ਮਲਕੀਤ ਸਿੰਘ, ਤਰਲੋਕ ਸਿੰਘ ਸੱਚਦੇਵਾ, ਪਰਮਜੀਤ ਸਿੰਘ ਤੋਂ ਇਲਾਵਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ, ਪਤਵੰਤੇ ਸੱਜਣ ਤੇ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।



ਮੀਟਿੰਗ ਵਿਚ ਹਾਜ਼ਰ ਸੇਵਾਦਾਰ ਮਹੰਤ ਪ੍ਰਵੀਨ ਚੌਧਰੀ ਤੇ ਮਨਪ੍ਰੀਤ ਛਤਵਾਲ ਨਾਲ। ਅਜੀਤ ਤਸਵੀਰ

ਮਾਂ ਬਗਲਾਮੁਖੀ ਧਾਮ ਵਿਖੇ ਅਖੰਡ ਮਹਾਂਯੱਗ ਸੰਬੰਧੀ ਸੇਵਾਦਾਰਾਂ ਦੀ ਮੀਟਿੰਗ ਹੋਈ

ਲੁਧਿਆਣਾ, 3 ਨਵੰਬਰ (ਪਰਮਿੰਦਰ ਸਿੰਘ ਆਹੂਜਾ)- ਮਾਂ ਬਗਲਾਮੁਖੀ ਦੇ ਆਸ਼ੀਰਵਾਦ ਨਾਲ ਮਹੰਤ ਪ੍ਰਵੀਨ ਚੌਧਰੀ ਦੀ ਅਗਵਾਈ ਹੇਠ ਹੋਣ ਵਾਲੇ 261 ਘੰਟੇ ਦੇ ਅਖੰਡ ਮਹਾਂਯੱਗ ਸੰਬੰਧੀ ਸੇਵਾਦਾਰਾਂ ਦੀ ਮੀਟਿੰਗ ਪੱਖੋਵਾਲ ਰੋਡ ਮਾਂ ਬਗਲਾਮੁਖੀ ਧਾਮ ਵਿਖੇ ਕੀਤੀ ਗਈ, ਜਿਸ ਵਿਚ ਮਹਾਂਯੱਗ ਦੀਆਂ ਤਿਆਰੀਆਂ ਬਾਰੇ ਵਿਸਥਾਰ ਵਿਚ ਚਰਚਾ ਕੀਤੀ ਗਈ। ਮੀਟਿੰਗ ਵਿਚ ਸੁਰੱਖਿਆ, ਲੰਗਰ, ਬੈਠਣ ਦੀ ਵਿਵਸਥਾ ਅਤੇ ਵਲੰਟੀਅਰਾਂ ਦੀਆਂ ਜ਼ਿੰਮੇਵਾਰੀਆਂ ਸਮੇਤ ਮਹਾਂਯੱਗ ਦੇ ਪ੍ਰਬੰਧਾਂ ਦੀ ਰੂਪ-ਰੇਖਾ ਦਿੱਤੀ ਗਈ। ਮਹੰਤ ਪ੍ਰਵੀਨ ਚੌਧਰੀ ਨੇ ਦੱਸਿਆ ਕਿ ਇਹ ਬ੍ਰਹਮ ਮਹਾਂਯੱਗ ਲੋਕਾਂ ਦੀ ਭਲਾਈ ਅਤੇ ਧਰਮ ਦੀ ਸੇਵਾ ਲਈ ਕੀਤਾ ਜਾ ਰਿਹਾ ਹੈ। ਮਾਂ ਬਗਲਾਮੁਖੀ ਦੇ ਆਸ਼ੀਰਵਾਦ ਨਾਲ, ਇਹ ਯੱਗ ਸਮਾਜ ਵਿਚ ਸ਼ਾਂਤੀ, ਖ਼ੁਸ਼ਹਾਲੀ ਅਤੇ ਸਕਾਰਾਤਮਕ ਊਰਜਾ ਲਿਆਏਗਾ, ਉਨ੍ਹਾਂ ਸਾਰੇ ਸੇਵਾਦਾਰਾਂ ਨੂੰ ਪੂਰੇ ਦਿਲੋਂ ਸੇਵਾ ਕਰਨ ਦੀ ਅਪੀਲ ਕੀਤੀ। ਸੇਵਾਦਾਰਾਂ ਨੇ ਇੱਕਜੁੱਟ ਹੋ ਕੇ ਇਸ ਬ੍ਰਹਮ ਸਮਾਗਮ ਨੂੰ ਸ਼ਾਨਦਾਰ ਅਤੇ ਸਫ਼ਲ ਬਣਾਉਣ ਦਾ ਸੰਕਲਪ ਲਿਆ। ਧਾਮ ਦੇ ਮੁੱਖ ਸੇਵਕ ਮਨਪ੍ਰੀਤ ਛੱਤਵਾਲ ਨੇ ਦੱਸਿਆ ਕਿ ਮਾਂ ਬਗਲਾਮੁਖੀ ਧਾਮ ਵਿਖੇ ਹੋਣ ਵਾਲੇ 261 ਘੰਟੇ ਦੇ ਅਖੰਡ ਮਹਾਂਯੱਗ ਵਿਚ ਲੁਧਿਆਣਾ ਸਮੇਤ ਦੇਸ਼-ਵਿਦੇਸ਼ ਤੋਂ ਹਜ਼ਾਰਾਂ ਸ਼ਰਧਾਲੂ ਹਾਜ਼ਰੀਆਂ ਭਰਨਗੇ। ਇਸ ਮੌਕੇ ਮਨਪ੍ਰੀਤ ਛਤਵਾਲ, ਕਰਨ ਸ਼ਾਂਡਿਲਿਆ, ਸੁਨੀਲ ਮਹਾਜਨ, ਰਮਨ ਘਈ, ਜਤਿੰਦਰ ਸੂਦ, ਮੋਹਿਤ ਸੂਦ, ਰਾਣਾ ਰਣਜੀਤ ਸਿੰਘ, ਸੁਧੀਰ ਮਹਾਜਨ, ਗੌਰਵ ਕਾਲੀਆ, ਸਤਿਨ ਸੂਦ, ਪਰਮਵੀਰ ਚੌਧਰੀ, ਸੰਦੀਪ ਸੂਦ, ਸੁਨੀਲ ਹਾਂਡਾ, ਨਰਿੰਦਰ ਸਿੰਗਲਾ, ਇਕਬਾਲ ਸਿੰਘ, ਬਲਜੀਤ ਸਿੰਘ ਤ੍ਰਿਖਾ, ਡਾ. ਅੰਕੁਸ਼ ਸਿੰਗਲਾ, ਚੇਤਨ ਟੰਡਨ, ਸ਼ਾਹਿਲ ਸਿੰਗਲਾ, ਰਾਜ ਸੈਲੀਕੀ, ਪੰਕਜ ਗੁਪਤਾ, ਦੀਪਕ ਗਰਗ, ਨਿਨੇਸ਼ ਰੱਲੀ, ਵਰੁਣ ਜੈਨ, ਮਨੀਸ਼ ਗੁਪਤਾ, ਵਿਜੇ ਗੁਪਤਾ, ਰਮਨ ਸ਼ਰਮਾ, ਆਦਿਤਿਆ ਗੁਪਤਾ, ਵਰੁਣ ਚੋਪੜਾ, ਤੁਸ਼ਾਰ ਬਾਂਸਲ, ਹੀਰਜ ਗੁਪਤਾ, ਜਨਕਰਾਜ ਸਿੰਗਲਾ, ਬੌਬੀ ਅਜੈ ਜੈਨ, ਰਵਿੰਦਰ ਸਿੰਘ, ਤੇਜਿੰਦਰ ਮਿਗਲਾਨੀ, ਵਰੁਣ ਦੱਤ, ਕੁਪਿੰਦਰ ਸਿੰਘ, ਵੇਦ ਲੂਥਰਾ, ਸੁਨੀਲ ਹਾਂਡਾ, ਵਰੁਣ ਸ਼ਰਮਾ, ਪਵਨ ਪਾਰਿਕ, ਪ੍ਰਵੇਸ਼ ਚੱਢਾ, ਆਰੀਅਨ ਚੱਢਾ, ਅਨੁਜ ਵਧਵਾ, ਆਯੂਤੋਸ਼, ਪ੍ਰਦੀਪ ਟਾਟਾ ਤੇ ਹੋਰ ਹਾਜ਼ਰ ਸਨ।

ਅੱਜ ਕਾਂਗਰਸ ਦੀ ਸੰਗਰੂਰ ਵਿਖੇ ਹੋਣ ਵਾਲੀ ਰੈਲੀ ਇਤਿਹਾਸਿਕ ਹੋਵੇਗੀ-ਕੜਵਲ

ਲੁਧਿਆਣਾ, 3 ਨਵੰਬਰ (ਜਤਿੰਦਰ ਭੰਬੀ)- ਸੰਗਰੂਰ ਦੇ ਪਿੰਡ ਫਗੂਵਾਲ ਵਿਖੇ ਕਾਂਗਰਸ ਦੀ ਹੋਣ ਵਾਲੀ ਇਨਸਾਫ਼ ਰੈਲੀ ਵਿਚ ਵਿਧਾਨ ਸਭਾ ਹਲਕਾ ਆਤਮ ਨਗਰ ਤੋਂ ਵੱਡੀ ਗਿਣਤੀ ਵਿਚ ਕਾਂਗਰਸੀ ਵਰਕਰ ਤੇ ਸਮਰਥਕ ਸਾਮਲ ਹੋਣ ਦਾ ਜ਼ਿਕਰ ਕਰਦਿਆਂ ਹਲਕਾ ਆਤਮ ਨਗਰ ਤੋਂ ਕਾਂਗਰਸ ਦੇ ਇੰਚਾਰਜ ਕਮਲਜੀਤ ਸਿੰਘ ਕੜਵਲ ਨੇ ਕਿਹਾ ਕਿ ਅੱਜ ਸੰਗਰੂਰ ਵਿਖੇ ਕਾਂਗਰਸ ਦੀ ਹੋਣ ਵਾਲੀ ਰੈਲੀ ਇਤਿਹਾਸਿਕ ਹੋਵੇਗੀ, ਜਿਸ ਨੂੰ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਸ਼ੀਨੀਅਰ ਕਾਂਗਰਸੀ ਆਗੂ ਰਾਹੁਲ ਗਾਂਧੀ ਸੰਬੋਧਨ ਕਰਨਗੇ। ਕੜਵਲ ਨੇ ਕਿਹਾ ਕਿ ਪੰਜਾਬ ਵਿਚ ਵਧ ਰਹੇ ਨਸ਼ਿਆਂ ਅਤੇ ਹੋ ਰਹੇ ਅਪਰਾਧਾਂ ਅਤੇ ਵ੍ਹਿਸ਼ਟਾਚਾਰ ਦੇ ਵਿਰੋਧ ਵਿਚ ਕੀਤੀ ਜਾ ਰਹੀ ਕਾਂਗਰਸ ਦੀ ਇੰਨਸਾਫ਼ ਰੈਲੀ ਵਿਚ ਸ਼ਾਮਲ ਹੋਣ ਲਈ ਕਾਂਗਰਸੀ ਵਰਕਰਾਂ ਅਤੇ ਸਮਰਥਕਾਂ ਤੋਂ ਇਲਾਵਾ ਪੰਜਾਬ ਅਤੇ ਪੰਜਾਬ ਦੀ ਨੌਜਵਾਨੀ ਨੂੰ ਪਿਆਰ ਕਰਨ ਵਾਲਾ ਹਰ ਇਕ ਵਿਆਕਤੀ ਸ਼ਾਮਲ ਹੋਵੇਗਾ। ਉਨ੍ਹਾ 'ਆਪ' ਸਰਕਾਰ ਦੇ ਕਾਰਜਕਾਲ ਦੌਰਾਨ ਵੱਧ ਗਹੀਆਂ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸੂਬੇ ਦੇ ਲੋਕ ਆਮ ਆਦਮੀ ਪਾਰਟੀ ਤੋਂ ਪੂਰੀ ਤਰ੍ਹਾਂ ਨਾਲ ਅੱਕ ਚੁੱਕੇ ਹਨ। ਇਸ ਕਰਕੇ ਆਪ ਸਰਕਾਰ ਨੂੰ ਚਲਦਾ ਕਰਨ ਦੀ ਤਿਆਰੀ ਕਰ ਚੁੱਕੇ ਹਨ।



ਕਾਂਗਰਸ ਦੀ ਸੰਗਰੂਰ ਵਿਖੇ ਹੋਣ ਵਾਲੀ ਰੈਲੀ 'ਚ ਹਲਕਾ ਦੱਖਣੀ ਤੋਂ ਵੱਡੀ ਗਿਣਤੀ ਵਿਚ ਸ਼ਾਮਿਲ ਹੋਵਾਂਗੇ-ਚੀਮਾ

ਲੁਧਿਆਣਾ, 3 ਨਵੰਬਰ (ਜਤਿੰਦਰ ਭੰਬੀ)- ਵਿਧਾਨ ਸਭਾ ਹਲਕਾ ਦੱਖਣੀ ਤੋਂ ਕਾਂਗਰਸ ਦੇ ਇੰਚਾਰਜ ਈਸ਼ਵਰਜੋਤ ਸਿੰਘ ਚੀਮਾ ਨੇ ਕਿਹਾ ਕਿ ਸੰਗਰੂਰ ਦੇ ਪਿੰਡ ਫਗੂਵਾਲ ਵਿਖੇ ਕਾਂਗਰਸ ਦੀ ਹੋਣ ਵਾਲੀ ਰੈਲੀ ਵਿਚ ਹਲਕਾ ਦੱਖਣੀ ਤੋਂ ਕਾਂਗਰਸੀ ਵਰਕਰ ਵੱਡੀ ਗਿਣਤੀ ਵਿਚ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਇਸ ਰੈਲੀ ਵਿਚ ਸ਼ਾਮਲ ਹੋਣ ਲਈ ਕਾਂਗਰਸੀ ਵਰਕਰਾਂ ਵਿਚ ਭਾਰੀ ਉਤਸ਼ਾਹ ਹੈ ਅਤੇ ਕਰਕੇ ਇਹ ਕਾਂਗਰਸ ਦੀ ਰੈਲੀ ਇਤਿਹਾਸਿਕ ਤਾਂ ਹੋਵੇਗੀ ਹੀ ਤੇ 'ਆਪ' ਸਰਕਾਰ ਨੂੰ ਚਲਦਾ ਕਰਨ ਦਾ ਮੁੱਢ ਬੰਨੇਗੀ, ਜਿਸ ਨੂੰ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਸੰਬੋਧਨ ਕਰਨਗੇ। ਉਨ੍ਹਾਂ ਕਿਹਾ ਕਿ ਇਸ ਵਿਚ ਕੋਈ ਸ਼ੱਕ ਨਹੀਂ ਕਿ ਪੰਜਾਬ ਦੇ ਲੋਕ ਪੰਜਾਬ ਵਿਚ ਵੱਧ ਰਹੇ ਨਸ਼ਿਆਂ ਤੇ ਹੋ ਰਹੀਆਂ ਲੁੱਟਾਂ ਖੋਹਾਂ ਤੋਂ ਬੇਹੱਦ ਦੁੱਖੀ ਹਨ, ਜਿਸ ਕਰਕੇ ਪੰਜਾਬ ਦੇ ਲੋਕਾਂ ਨੇ ਆਪ ਨੂੰ ਚਲਦਾ ਕਰਨ